**Gurmat Chetna March dedicated to Mata Gujar Kaur ji and Sahibzadad**

On 22 December 2024, Sri Guru Teg Bahadur Khalsa College in Sri Anandpur Sahib conducted a Gurmat Chetna March in honour of Mata Gujar Kaur Ji and the Sahibzadas. The occasion paid tribute to their persistent faith and ultimate sacrifice. Raising shouts of Sikh spirituality and bravery, students and staff joined the march. The parade communicated the word about bravery, devotion, and resiliency by passing through significant areas of the community. Ardaas and kirtan marked the end, encouraging introspection and a heightened sense of spiritual awareness.



## ਖਾਲਸਾ ਕਾਲਜ ਵੱਲੋਂ ਮਾਤਾ ਗੁਜਰ ਕੌਰ ਅਤੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਕੀਤਾ ਗਿਆ ਯਾਦ

### ਲਾਸਾਨੀ ਸ਼ਾਹਦਤ ਨੂੰ ਸਮਰਪਿਤ ਕੱਢਿਆ ਗਿਆ ਗੁਰਮਤਿ ਚੇਤਨਾ ਮਾਰਚ

ਸ੍ਰੀ ਅਨੰਦਪੁਰ ਸਾਹਿਬ, 23 ਦਸੰਬਰ (ਚਾਨਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਸਟਾਫ ਅਤੇ ਵਿਦਿਆਰਥੀਆਂ ਨੇ ਅੱਜ ਮਾਤਾ ਗੁਜਰ ਕੌਰ ਜੀ ਅਤੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਗੁਰਮਤਿ ਚੇਤਨਾ ਮਾਰਚ ਕੱਢਿਆ। ਇਸ ਮਾਰਚ ਵਿਚ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ, ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਵੱਖੋ-ਵੱਖਰੇ ਸਲੋਗਨਾਂ ਰਾਹੀਂ ਸਾਹਿਬਜ਼ਾਦਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਹ ਗੁਰਮਤਿ ਚੇਤਨਾ ਮਾਰਚ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਤੋਂ ਸ਼ੁਰੂ ਹੋ ਕੇ ਪੰਜ ਪਿਆਰਾ ਪਾਰਕ, ਗੁਰਦੁਆਰਾ ਸ਼ਹੀਦੀ ਬਾਗ, ਨਵੀਂ ਆਬਾਦੀ ਆਦਿ ਤੋਂ ਹੁੰਦਿਆਂ ਹੋਇਆਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਪੁੱਜ ਕੇ ਸੰਪੰਨ ਹੋਇਆ। ਇਸ ਮੌਕੇ ਕਾਲਜ ਪ੍ਰਿੰਸੀਪਲ ਨੇ ਕਿਹਾ ਕਿ ਮਾਤਾ ਗੁਜਰ ਕੌਰ ਅਤੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਵਰਗੀ ਉਦਾਹਰਨ ਪੂਰੀ ਦੁਨੀਆ ਵਿੱਚ ਕਿਧਰੇ ਨੇ ਮਿਲਦੀ। ਉਨ੍ਹਾਂ ਕਿਹਾ ਕਿ ਨੌਜਵਾਨਾਂ ਪੀੜ੍ਹੀ ਨੂੰ ਆਪਣੇ ਅਮੀਰ ਇਤਿਹਾਸ ਬਾਰੇ ਗਿਆਨ ਹੋਣਾ ਚਾਹੀਦਾ ਹੈ। ਡਾ. ਜਸਵੀਰ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰੇ ਹਮੇਸ਼ਾਂ ਯਤਨਸ਼ੀਲ ਰਹਿੰਦੇ ਹਨ ਕਿ ਵਿਦਿਆਰਥੀਆਂ ਨੂੰ ਦੁਨਿਆਵੀ ਗਿਆਨ ਦੇ ਨਾਲ ਨਾਲ ਆਪਣੇ ਧਾਰਮਿਕ ਵਿਰਸੇ, ਕੁਰਬਾਨੀਆਂ ਭਰੇ ਇਤਿਹਾਸ ਅਤੇ ਅਮੀਰ ਪਰੰਪਰਾਵਾਂ ਤੋਂ ਨਵੀਂ ਪੀੜ੍ਹੀ ਨੂੰ ਜਾਣੂ ਕਰਵਾਇਆ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਲਜ ਦੇ ਧਰਮ ਅਧਿਐਨ ਵਿਭਾਗ ਦੇ ਮੁਖੀ ਡਾ. ਪਰਮਜੀਤ ਕੌਰ, ਗੁਰਮਤਿ ਸੰਗੀਤ ਵਿਭਾਗ ਦੇ ਮੁਖੀ ਤੇ ਐਨ.ਐਸ.ਐਸ ਇੰਚਾਰਜ ਪ੍ਰੋ. ਜਗਪਿੰਦਰਪਾਲ ਸਿੰਘ, ਡਾ. ਅਮਨਦੀਪ ਕੌਰ, ਡਾ. ਦਵਿੰਦਰ ਸਿੰਘ, ਪ੍ਰੋ. ਪਰਮਪ੍ਰੀਤ ਸਿੰਘ, ਪ੍ਰੋ. ਸੰਦੀਪ ਕੁਮਾਰ, ਡਾ. ਮਨਦੀਪ ਕੌਰ, ਪ੍ਰੋ. ਸੁਖਵਿੰਦਰ ਸਿੰਘ, ਪ੍ਰੋ. ਪ੍ਰਭਜੋਤ ਕੌਰ, ਪ੍ਰੋ. ਜਤਿੰਦਰ ਸਿੰਘ ਸਮੇਤ ਕਾਲਜ ਦਾ ਸਮੁੱਚਾ ਸਟਾਫ ਤੇ ਵਿਦਿਆਰਥੀ ਹਾਜ਼ਿਰ ਸਨ।